**ਵਿੱਦਿਅਕ ਵਰ੍ਹਾ (2023-24)**
**ਜਮਾਤ-ਬਾਰ੍ਹਵੀਂ, ਚੋਣਵੀਂ-ਪੰਜਾਬੀ**
**ਪ੍ਰਸ਼ਨ-ਪੱਤਰ ਦੀ ਰੂਪ-ਰੇਖਾ**

**ਸਮਾਂ : 3 ਘੰਟੇ** **ਅੰਕ : 80**

**ਨੋਟ :** 5 ਅੰਕ ਸੁੰਦਰ ਲਿਖਾਈ ਲਈ ਨਿਰਧਾਰਿਤ ਕੀਤੇ ਗਏ ਹਨ। ਇਹ ਅੰਕ ਇਸ ਪ੍ਰਸ਼ਨ-ਪੱਤਰ ਦੇ ਕੁੱਲ ਅੰਕਾਂ-80 ਵਿੱਚ ਹੀ ਰਾਖਵੇਂ ਹਨ।

1 ਪ੍ਰਸ਼ਨ ਪੱਤਰ ਦੇ ਕੁੱਲ 10 ਪ੍ਰਸ਼ਨ ਹਨ। ਪ੍ਰਸ਼ਨ ਨੰ. 1 ਸੁੰਦਰ ਲਿਖਾਈ ਲਈ ਰਾਖਵਾਂ ਹੈ।
2. ਸਾਰੇ ਪ੍ਰਸ਼ਨ ਜ਼ਰੂਰੀ ਹਨ।
3. ਦੋ ਅੰਕ ਸੁੰਦਰ ਲਿਖਾਈ ਲਈ ਨਿਰਧਾਰਤ ਕੀਤੇ ਗਏ ਹਨ। ਇਹ ਅੰਕ ਇਸ ਪ੍ਰਸ਼ਨ-ਪੱਤਰ ਦੇ ਕੁੱਲ ਅੰਕਾਂ ਵਿੱਚ ਹੀ ਰਾਖਵੇਂ ਹਨ।
4. ਵਸਤੂਨਿਸ਼ਠ ਪ੍ਰਸ਼ਨ ਦੇ ਭਾਗ (ੳ), (ਅ) ਅਤੇ (ੲ) ਹਨ। ਹਰੇਕ ਭਾਗ ਵਿੱਚ ਦੋ ਪ੍ਰਸ਼ਨ ਹੋਣਗੇ। ਹਰੇਕ ਪ੍ਰਸ਼ਨ ਦੇ ਦੋ ਅੰਕ ਹਨ।

**ਪ੍ਰਸ਼ਨ 1. ਇਹ ਪ੍ਰਸ਼ਨ ਸੁੰਦਰ ਲਿਖਾਈ ਲਈ ਰਾਖਵਾਂ ਹੈ।** **05**

**ਪ੍ਰਸ਼ਨ 2. ਇਸ ਵਿੱਚ ਨਿਮਨਲਿਖਤ ਭਾਗਾਂ ਵਾਲ਼ੇ 15 ਵਸਤੂਨਿਸ਼ਠ ਪ੍ਰਸ਼ਨ ਹੋਣਗੇ। ਹਰੇਕ ਪ੍ਰਸ਼ਨ ਦੇ 2 ਅੰਕ ਹੋਣਗੇ :** **15×2=30**

**ਭਾਗ (ੳ) :** ਇਸ ਵਿੱਚ ਇੱਕ ਜਾਂ ਦੋ ਸ਼ਬਦਾਂ ਵਿੱਚ ਉੱਤਰਾਂ ਵਾਲ਼ੇ 5 ਪ੍ਰਸ਼ਨ ਹੋਣਗੇ।
**ਭਾਗ (ਅ) :** ਇਸ ਵਿੱਚ ਬਹੁ-ਚੋਣਵੇਂ ਉੱਤਰਾਂ ਵਾਲ਼ੇ 5 ਪ੍ਰਸ਼ਨ ਹੋਣਗੇ।
**ਭਾਗ (ੲ) :** ਇਸ ਵਿੱਚ 5 ਕਥਨ ਦੇ ਕੇ ਉਸ ਦੇ ਸਹੀ ਜਾਂ ਗ਼ਲਤ ਕਥਨ ਹੋਣ ਦਾ ਉੱਤਰ ਦੇਣ ਲਈ ਕਿਹਾ ਜਾਵੇਗਾ।
ਇਹ ਵਸਤੂਨਿਸ਼ਠ ਪ੍ਰਸ਼ਨ ਬੋਰਡ ਵੱਲੋਂ ਵਿਸ਼ੇ ਦੀ ਨਿਰਧਾਰਿਤ ਪਾਠ-ਪੁਸਤਕ ਵਿੱਚੋਂ ਲੋੜੀਂਦੇ ਅਨੁਪਾਤ ਅਨੁਸਾਰ ਹੋਣਗੇ।

**ਪ੍ਰਸ਼ਨ 3.** ਇਸ ਭਾਗ ਵਿੱਚ ਮੱਧ-ਕਾਲੀਨ ਪੰਜਾਬੀ-ਕਾਵਿ (ਝਲਕਾਂ ਤੇ ਇਤਿਹਾਸ) ਪਾਠ-ਪੁਸਤਕ ਦੇ ਸੂਫ਼ੀ-ਕਾਵਿ ਅਤੇ ਗੁਰਮਤਿ-ਕਾਵਿ ਵਿੱਚੋਂ ਇੱਕ-ਇੱਕ ਰਚਨਾ ਦੇ ਕਾਵਿ-ਅੰਸ਼ ਦੇ ਕੇ ਕਿਸੇ ਇੱਕ ਦੀ ਪ੍ਰਸੰਗ ਸਹਿਤ ਵਿਆਖਿਆ ਕਰਨ ਲਈ ਕਿਹਾ ਜਾਵੇਗਾ। ਪ੍ਰਸੰਗ ਲਈ 2 ਅਤੇ ਵਿਆਖਿਆ ਲਈ 5 ਅੰਕ ਹੋਣਗੇ। **2+5=7**

**ਪ੍ਰਸ਼ਨ 4.** ਇਸ ਭਾਗ ਵਿੱਚ ਮੱਧ-ਕਾਲੀਨ ਪੰਜਾਬੀ-ਕਾਵਿ (ਝਲਕਾਂ ਤੇ ਇਤਿਹਾਸ) ਪਾਠ-ਪੁਸਤਕ ਦੇ ਸੂਫ਼ੀ-ਕਾਵਿ ਅਤੇ ਗੁਰਮਤਿ-ਕਾਵਿ ਵਿੱਚੋਂ ਇੱਕ-ਇੱਕ ਰਚਨਾ ਦਾ ਨਾਂ ਦੇ ਕੇ ਕਿਸੇ ਇੱਕ ਰਚਨਾ/ਕਵਿਤਾ ਦਾ ਕੇਂਦਰੀ ਭਾਵ ਲਿਖਣ ਲਈ ਕਿਹਾ ਜਾਵੇਗਾ। **5**

**ਪ੍ਰਸ਼ਨ 5.** ਇਸ ਭਾਗ ਵਿੱਚ ਮੱਧ-ਕਾਲੀਨ ਪੰਜਾਬੀ-ਕਾਵਿ (ਝਲਕਾਂ ਤੇ ਇਤਿਹਾਸ) ਪਾਠ-ਪੁਸਤਕ ਦੇ ਕਿੱਸਾ-ਕਾਵਿ ਅਤੇ ਬੀਰ-ਕਾਵਿ ਨਾਲ਼ ਸੰਬੰਧਿਤ ਪਾਠ-ਅਭਿਆਸਾਂ ਵਿੱਚੋਂ ਦੋ ਪ੍ਰਸ਼ਨ ਦੇ ਕੇ ਕਿਸੇ ਇੱਕ ਪ੍ਰਸ਼ਨ ਦਾ ਉੱਤਰ ਲਿਖਣ ਲਈ ਕਿਹਾ ਜਾਵੇਗਾ। **10**

**ਪ੍ਰਸ਼ਨ 6.** ਆਪ-ਬੀਤੀਆਂ ਪਾਠ-ਪੁਸਤਕ ਦੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਚਾਰ ਪ੍ਰਸ਼ਨ ਦੇ ਕੇ ਕੋਈ ਦੋ ਪ੍ਰਸ਼ਨਾਂ ਦੇ ਸੰਖੇਪ ਉੱਤਰ ਲਿਖਣ ਲਈ ਕਿਹਾ ਜਾਵੇਗਾ।ਹਰੇਕ ਪ੍ਰਸ਼ਨ ਦਾ ਉੱਤਰ 4 ਅੰਕਾਂ ਦਾ ਹੋਵੇਗਾ। **2×4=8**

**ਪ੍ਰਸ਼ਨ 7.** ਸਾਹਿਤ-ਬੋਧ ਪਾਠ-ਪੁਸਤਕ ਵਿੱਚੋਂ ਕੋਈ ਤਿੰਨ ਸਾਹਿਤ-ਰੂਪ ਦੇ ਕੇ ਕੋਈ ਇੱਕ ਸਹਿਤ-ਰੂਪ ਬਾਰੇ ਨੋਟ ਲਿਖਣ ਲਈ ਕਿਹਾ ਜਾਵੇਗਾ। ਇਸ ਵਿੱਚ ਸੰਬੰਧਿਤ ਸਾਹਿਤ-ਰੂਪ ਦੀ ਮੌਲਿਕ ਪਰਿਭਾਸ਼ਾ ਦੇਣ ਦੇ 3 ਅੰਕ, ਉਸ ਦੀਆਂ ਵਿਸ਼ੇਸ਼ਤਾਈਆਂ/ਤੱਤਾਂ ਦੇ 5 ਅੰਕ ਅਤੇ ਉਸ ਦੇ ਕੋਈ 2 ਅਹਿਮ ਲੇਖਕਾਂ/ਰਚਨਾਵਾਂ ਦੇ ਨਾਂ ਲਿਖਣ ਦਾ 2 ਅੰਕ ਹੋਣਗੇ। **3+5+2=10**

**ਪ੍ਰਸ਼ਨ 8.** ਸਾਹਿਤ-ਬੋਧ ਪਾਠ-ਪੁਸਤਕ ਦੇ ਇੱਕ ਛੰਦ, ਇੱਕ ਅਲੰਕਾਰ ਅਤੇ ਇੱਕ ਰਸ ਦਾ ਨਾਂ ਦੇ ਕੇ ਇਹਨਾਂ ਵਿੱਚੋਂ ਕਿਸੇ ਇੱਕ ਦੀ ਉਦਾਹਰਨਾਂ ਸਹਿਤ ਪਰਿਭਾਸ਼ਾ/ਨੋਟ ਲਿਖਣ ਲਈ ਕਿਹਾ ਜਾਵੇਗਾ। **1×5=5**